ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ

(ਕੰਪ ਪੰਜਾਬ ਸਕੂਲ ਸਿੱਖਿਆ ਬੋਰਡ, ਫੇਸ-8, ਐਸ.ਏ.ਐਸ ਨਗਰ)।

ਅਮਲਾ-3 ਸ਼ਾਖਾ

ਹੁਕਮ ਨੰ : 08/332-11 ਅ-3(4)

ਮਿਤੀ : 20-11-14

## ਦੋਸ ਸੂਚੀ

ਸ਼੍ਰੀਮਤੀ ਵਨੀਤਾ ਸ਼ਰਮਾਂ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਮਨਸੂਰ ਦੇਵਾ (ਫਿਰੋਜ਼ਪੁਰ) ਨੂੰ ਇਸ ਪੱਤਰ ਰਾਹੀ ਸੂਚਿਤ ਕੀਤਾ ਜਾਂਦਾ ਹੈ ਕਿ ਉਸ ਦੇ ਵਿਰੁੱਧ ਪੰਜਾਬ ਸਿਵਲ ਸੇਵਾ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀਆਂ ਸਜ਼ਾਵਾਂ ਦੇ ਨਿਯਮ 5 (v ਤੋ ix) ਤਹਿਤ ਇਸ ਪੱਤਰ ਨਾਲ ਨੱਥੀ ਕੀਤੇ ਦੋਸ਼ ਵਿਵਰਣ ਵਿੱਚ ਦਰਸਾਏ ਦੋਸ਼ਾਂ ਸਬੰਧੀ ਕਾਰਵਾਈ ਕਰਨ ਦੀ ਤਜ਼ਵੀਜ਼ ਹੈ ।

2. ਉਸ ਨੂੰ ਦੱਸਿਆ ਜਾਂਦਾ ਹੈ ਕਿ ਉਹ ਇਸ ਪੱਤਰ ਦੀ ਪਹੁੰਚ ਤੋ 21 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ ਦੱਸੇ ਕਿ ਉਹ ਇਹਨਾਂ ਸਾਰਿਆਂ ਜਾਂ ਕਿਸੇ ਦੋਸ਼ ਨੂੰ ਮੰਨਦੀ ਹੈ ਜਾਂ ਇਸ ਬਾਰੇ ਕੋਈ ਜਵਾਬ ਪੇਸ਼ ਕਰਨਾ ਚਾਹੁੰਦੀ ਹੈ।

3. ਉਸ ਨੂੰ ਇਸ ਪੱਤਰ ਰਾਂਹੀ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਹ ਆਪਣਾ ਲਿਖਤੀ ਜਵਾਬ ਤਿਆਰ ਕਰਨ ਲਈ ਕੋਈ ਸਬੰਧਤ ਰਿਕਾਰਡ ਵੇਖਣਾ ਚਾਹੇ ਤਾਂ ਉਹ ਡਾਇਰੈਕਟੋਰੇਟ/ਸਬੰਧਤ ਜਿਲਾ ਸਿਖਿਆ ਅਫਸਰ (ਸੈ:ਸਿ) ਦੇ ਦਫਤਰ ਵਿਚ ਇਸ ਪੱਤਰ ਦੀ ਪਹੁੰਚ ਤੋ ਇੱਕ ਹਫਤੇ ਦੇ ਅੰਦਰ-ਅੰਦਰ ਵੇਖ ਸਕਦੀ ਹੈ। ਉਸ ਨੂੰ ਇਹ ਦੱਸਿਆ ਜਾਂਦਾ ਹੈ ਕਿ ਉਸ ਨੂੰ ਕੇਵਲ ਉਹੀ ਰਿਕਾਰਡ ਵਿਖਾਇਆ ਜਾਵੇਗਾ ਜੋ ਉਪ੍ਰੋਕਤ ਅਫਸਰ ਦੇ ਪਾਸ ਹੋਵੇਗਾ ਅਤੇ ਜਿਸ ਦਾ ਸਿੱਧਾ ਸਬੰਧ ਇਸ ਕੇਸ ਨਾਲ ਹੋਵੇਗਾ। ਜੇਕਰ ਉਸ ਅਫਸਰ ਦੀ ਰਾਇ ਵਿੱਚ ਇਹ ਰਿਕਾਰਡ ਵਿਖਾਉਣਾ ਲੋਕ ਹਿੱਤ ਵਿੱਚ ਨਹੀਂ ਹੋਵੇਗਾ ਤਾਂ ਉਹ ਰਿਕਾਰਡ ਵਿਖਾਉਣ ਤੋਂ ਨਾਂਹ ਕਰ ਸਕਦਾ ਹੈ। ਜੇਕਰ ਉਹ ਕੋਈ ਹੋਰ ਸਬੰਧਤ ਰਿਕਾਰਡ, ਜੋ ਉਸ ਦਫਤਰ ਪਾਸ ਨਾ ਹੋਵੇ, ਵੇਖਣਾ ਚਾਹੇ ਤਾਂ ਉਸ ਦਾ ਸਬੰਧਤ ਰਿਕਾਰਡ ਨੂੰ ਨਾ ਵੇਖਣਾ ਉਸ ਦੇ ਲਿਖਤੀ ਜਵਾਬ ਦੇਰ ਨਾਲ ਦੇਣ ਦਾ ਯੋਗ ਕਾਰਣ ਨਹੀਂ ਮੰਨਿਆ ਜਾਵੇਗਾ ਅਤੇ ਲਿਖਤੀ ਜਵਾਬ ਇਸ ਪੱਤਰ ਦੇ ਨਿਸਚਿਤ ਸਮੇਂ ਦੇ ਅੰਦਰ ਅੰਦਰ ਸਹੀ ਕਰਤਾ ਨੂੰ ਨਾ ਮਿਲਿਆ ਤਾਂ ਇਹ ਸਮਝਿਆ ਜਾਵੇਗਾ ਕਿ ਉਸ ਨੇ ਕੋਈ ਜਵਾਬ ਨਹੀਂ ਦੇਣਾ। ਜਵਾਬ ਨਾ ਦੇਣ ਦੀ ਸੂਰਤ ਵਿੱਚ ਕੇਸ ਦਾ ਇਕ ਤਰਫਾ ਫੈਸਲਾ ਕੇਸ ਦੇ ਗੁਣ ਦੋਸ਼ਾਂ ਦੇ ਆਧਾਰ ਤੇ ਕਰ ਦਿੱਤਾ ਜਾਵੇਗਾ।

ਲਿੱਖਤੀ ਜਵਾਬ ਜ਼ਿਲ੍ਹਾ ਸਿਖਿਆ ਅਫਸਰ (ਸੈ:ਸਿ:), ਫਿਰੋਜ਼ਪੁਰ ਰਾਂਹੀਂ ਭੇਜਿਆ ਜਾਵੇ ਅਤੇ ਇਸ ਦੀ ਇੱਕ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

(ਰਜਿ)

**ਸ਼੍ਰੀਮਤੀ ਵਨੀਤਾ ਸ਼ਰਮਾਂ, ਸਾਇੰਸ ਮਿਸਟ੍ਰੈਸ**

**ਸਰਕਾਰੀ ਹਾਈ ਸਕੂਲ, ਮਨਸੂਰ ਦੇਵਾ( ਫਿਰੋਜ਼ਪੁਰ)**

ਪਿੱਠ ਅੰਕਣ ਨੰ:

ਮਿਤੀ :ਅਜੀਤਗੜ੍ਹ 28-11-14

ਉਤਾਰਾ ਜਿਲਾ ਸਿਖਿਆ ਅਫਸਰ (ਸੈ: ਸਿ:), ਪਠਾਨਕੋਟ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਕਰਮਚਾਰਨ ਦਾ ਉੱਤਰ ਨਿਸਚਿਤ ਸਮੇ ਦੇ ਅੰਦਰ-ਅੰਦਰ ਪ੍ਰਾਪਤ ਕਰਕੇ ਆਪਣੀ ਟਿੱਪਣੀ ਸਹਿਤ ਇਸ ਦਫਤਰ ਨੂੰ ਭੇਜਿਆ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

## <u>ਦੋਸ ਸੂਚੀ</u>

ਸ਼੍ਰੀਮਤੀ ਵਨੀਤਾ ਸ਼ਰਮਾਂ, ਸਾਇੰਸ ਮਿਸਟ੍ਰੈਸ ਸਰਕਾਰੀ ਹਾਈ ਸਕੂਲ, ਮਨਸੂਰ ਦੇਵਾ ( ਫਿਰੋਜ਼ਪੁਰ) ਮਿਤੀ 01-07-11 ਤੋਂ 30-06-12 ਤੱਕ ਵਿਦੇਸ਼ ਜਾਣ ਲਈ ਇਕ ਸਾਲ ਦੀ ਛੁੱਟੀ ਅਪਲਾਈ ਕੀਤੀ ਸੀ। ਜੋ ਵਿਭਾਗ ਵਲੋਂ ਪ੍ਰਵਾਨ ਨਹੀਂ ਕੀਤੀ ਗਈ। ਪ੍ਰੰਤੂ ਉਹ ਬਿਨਾਂ ਛੁੱਟੀ ਮੰਨਜੂਰ ਕਰਵਾਏ ਮਿਤੀ 15-10-11 ਹੁਣ ਤੱਕ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚਲੀ ਆ ਰਹੀ ਹੈ। ਅਜਿਹਾ ਕਰਕੇ ਆਪਨੇ ਆਪ ਨੂੰ ਦੋਸ਼ੀ ਬਣਾਇਆ ਹੈ ਅਤੇ ਪੰਜਾਬ ਸਿਵਲ ਸੇਵਾ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀਆਂ ਸਜਾਂਵਾਂ ਦੇ ਨਿਯਮ 5 (v ਤੋ ix) ਤਹਿਤ ਸਜ਼ਾ ਦਾ ਭਾਗੀ ਬਣਾਇਆ ਹੈ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

## ਦੋਸ਼ ਵਿਵਰਣ

ਸ਼੍ਰੀਮਤੀ ਵਨੀਤਾ ਸ਼ਰਮਾਂ, ਸਾਇੰਸ ਮਿਸਟ੍ਰੈਸ ਸਰਕਾਰੀ ਹਾਈ ਸਕੂਲ, ਮਨਸੂਰ ਦੇਵਾ ( ਫਿਰੋਜ਼ਪੁਰ) ਵਿਰੁੱਧ ਦੋਸ਼ ਹੈ ਕਿ ਉਹ ਮਿਤੀ 15-10-11 ਤੋਂ ਆਪਣੀ ਡਿਊਟੀ ਤੋਂ ਜਾਣ ਬੁੱਝ ਕੇ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲੀ ਆ ਰਹੀ ਹੈ।

ਅਜਿਹਾ ਕਰਕੇ ਕਰਮਚਾਰਨ ਨੇ ਕੰਡਕਟ ਰੂਲਾਂ ਦੀ ਘੋਰ ਉਲੰਘਣਾ ਕੀਤੀ ਹੈ ਅਤੇ ਆਪਣੇ ਆਪ ਨੂੰ ਦੋਸ਼ੀ ਬਣਾਇਆ ਹੈ ਅਤੇ ਪੰਜਾਬ ਸਿਵਲ ਸੇਵਾ ( ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀ ਸਜ਼ਾਵਾਂ ਦੇ ਨਿਯਮ 5 (v ਤੋਂ ix) ਅਧੀਨ ਸਜਾ ਦਾ ਭਾਗੀ ਬਣਾਇਆ ਹੈ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

## <u>ਦਸਤਾਵੇਜ਼ਾਂ ਦੀ ਸੂਚੀ</u>

1 ਕਰਮਚਾਰਨ ਦੀ ਗੈਰ ਹਾਜ਼ਰੀ ਬਾਰੇ ਜ਼ਿਲਾ ਸਿਖਿਆ ਅਫਸਰ (ਸੈ:ਸਿ:), ਫਿਰੋਜ਼ਪੁਰ ਦੇ ਦਫਤਰ ਦੀ ਸਬੰਧਤ ਮਿਸਲ।

2 ਸਬੰਧਤ ਸਕੂਲ ਦਾ ਹਾਜ਼ਰੀ ਰਜਿਸਟਰਡ ਤੇ ਹੋਰ ਰਿਕਾਰਡ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

## <u>ਗਵਾਹਾਂ ਦੀ ਸੂਚੀ</u>

1. ਜ਼ਿਲਾ ਸਿਖਿਆ ਅਫਸਰ (ਸੈ:ਸਿ:), ਫਿਰੋਜ਼ਪੁਰ ਦੇ ਦਫਤਰ ਦਾ ਸਬੰਧਤ ਡੀਲਿੰਗ ਸਹਾਇਕ।

2. ਸਬੰਧਤ ਸਕੂਲ ਮੁੱਖੀ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ